# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 13:10

**ਮਿਤੀ :05-10-2026**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਹਰ ਮਾਂ ਤੇ ਭੈਣ ਨੂੰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਬ੍ਰਾਂਡ ਅੰਬੈਸਡਰ ਐਲਾਨਦਿਆਂ ਇਸ ਪਹਿਲਕਦਮੀ ਨੂੰ ਆਪਣੀ ਕਿਸਮ ਦਾ ਪਹਿਲਾ ਸਮਾਜਿਕ ਇਨਕਲਾਬ ਕਰਾਰ ਦਿੱਤਾ ਏ। ਉਨ੍ਹਾਂ ਕਿਹਾ ਕਿ 75 ਲੱਖ ਤੋਂ ਵੱਧ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਨਮਾਨ ਰਾਸ਼ੀ ਦੇ 3,824.87 ਕਰੋੜ ਰੁਪਏ ਸਿੱਧੇ ਟਰਾਂਸਫਰ ਕੀਤੇ ਜਾ ਚੁਕੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਓਹ ਪੰਜਾਬ ਦੀਆਂ ਉਨ੍ਹਾਂ ਸਾਰੀਆਂ ਮਾਵਾਂ ਤੇ ਭੈਣਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਨੇ , ਜਿਨ੍ਹਾਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਬਹੁਤ ਵੱਡੀ ਸਫ਼ਲਤਾ ਦਿਵਾਈ ਏ। ਓਹਨਾਂ ਕਿਹਾ ਕਿ ਇਹ ਔਰਤਾਂ ਲਈ ਮਾਲੀ ਆਜ਼ਾਦੀ ਦਾ ਰਸਤਾ ਏ। ਸਾਡਾ ਟੀਚਾ ਇੱਕ ਕਰੋੜ ਬੀਬੀਆਂ ਤੱਕ ਸਤਿਕਾਰ ਰਾਸ਼ੀ ਦਾ ਲਾਭ ਪਹੁੰਚਾਉਣਾ ਏ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਲੀ ਸਹਾਇਤਾ ਸ਼ਾਇਦ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਉਨ੍ਹਾਂ ਨੂੰ ਆਤਮ-ਸਨਮਾਨ ਜ਼ਰੂਰ

ਦੇਵੇਗੀ। ਔਰਤਾਂ ਸਤਿਕਾਰ ਦੀਆਂ ਹੱਕਦਾਰ ਨੇ । ਸਾਡੀਆਂ ਮਾਵਾਂ ਅਤੇ ਭੈਣਾਂ ਦਾ ਆਸ਼ੀਰਵਾਦ ਸਾਨੂੰ ਦੁਨੀਆ ਦੀ ਹਰ ਚੁਣੌਤੀ ਪਾਰ ਕਰਨ ਵਿੱਚ ਮਦਦ ਕਰ ਸਕਦਾ ਏ ।

-----------------------------------------------------------------------------------

ਅੰਮ੍ਰਿਤਸਰ ਦੇ ਅਜਨਾਲਾ ਰੋਡ ’ਤੇ ਜੀ.ਆਰ.ਪੀ.ਐਫ. ਦੇ ਏ.ਐਸ.ਆਈ. ਸੁਖਚੈਨ ਸਿੰਘ ’ਤੇ ਕੁਝ ਅਣਪਛਾਤੇ ਵਿਅਕਤੀਆਂ ਵਲੋਂ ਬੀਤੀ ਸ਼ਾਮ ਗੋਲੀਬਾਰੀ ਕੀਤੀ ਗਈ, ਜਿਸ ਵਿੱਚ ਓਹ ਜ਼ਖਮੀ ਹੋ ਗਏ । ਜਾਣਕਾਰੀ ਮੁਤਾਬਕ ਸ਼ਾਮ 7 ਵਜੇ ਏ .ਐਸ.ਆਈ. ਸੁਖਚੈਨ ਸਿੰਘ ਡਿਊਟੀ ਖ਼ਤਮ ਕਰਨ ਤੋਂ ਬਾਅਦ ਜਗਦੇਵ ਕਲਾਂ ਸਥਿਤ ਆਪਣੇ ਘਰ ਵੱਲ ਜਾ ਰਹੇ ਸਨ, ਜਿਸ ਦੌਰਾਨ ਮੋਟਰਸਾਈਕਲ ਸਵਾਰ ਤਿੰਨ ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ’ਤੇ ਗੋਲੀ ਚਲਾ ਦਿੱਤੀ, ਜੋ ਏ ਐਸ.ਆਈ. ਸੁਖਚੈਨ ਸਿੰਘ ਦੀ ਬਾਂਹ ’ਚ ਲੱਗੀ। ਇਸ ਸਬੰਧੀ ਅੰਮ੍ਰਿਤਸਰ ਦਿਹਾਤੀ ਦੇ ਐਸ.ਐਸ.ਪੀ. ਕੰਵਲਪ੍ਰੀਤ ਸਿੰਘ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ **Byte ----**

ਪੁਲਿਸ ਵੱਲੋਂ ਮੌਕੇ ’ਤੇ CCTV ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਏ ਤੇ ਹਰਿਆਣਾ ਸਮੇਤ ਹੋਰ ਰਾਜਾਂ ਵਿੱਚ ਗੋਲੀ ਚਲਾਉਣ ਵਾਲਿਆਂ ਦੀ

ਭਾਲ ਕੀਤੀ ਜਾ ਰਹੀ ਏ। ਪੁਲਿਸ ਵਲੋਂ ਥਾਣਾ ਅਜਨਾਲਾ ਵਿੱਚ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਏ।

--------------------------------------------------------------------------------

ਜਲੰਧਰ ਨੇੜੇ ਬੰਗਾ-ਫਗਵਾੜਾ ਸ਼ਾਹਰਾਹ 'ਤੇ ਅੱਜ ਤੜਕੇ ਹਿਮਾਚਲ ਪ੍ਰਦੇਸ਼ ਰੋਡਵੇਜ਼ ਦੀ ਇੱਕ ਬੱਸ ਪਲਟਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਤੇ 15 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ। ਮ੍ਰਿਤਕਾਂ ਵਿੱਚ ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ.ਪੀ.ਯੂ.) ਦੀ ਇਕ ਵਿਦਿਆਰਥਣ ਤੇ ਇੱਕ ਹੋਰ ਮਿਰਤਕ ਅੰਮ੍ਰਿਤਸਰ ਤੋਂ ਏ । ਦੋ ਹੋਰ ਮ੍ਰਿਤਕਾਂ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ। ਜ਼ਖ਼ਮੀਆਂ ਵਿੱਚੋਂ ਜ਼ਿਆਦਾਤਰ ਐੱਲ.ਪੀ.ਯੂ. ਦੇ ਵਿਦਿਆਰਥੀ ਨੇ । ਪੁਲਿਸ ਹਲਕਿਆਂ ਮੁਤਾਬਕ, ਅੰਮ੍ਰਿਤਸਰ ਜਾ ਰਹੀ ਇਹ ਬੱਸ ਮਨਾਲੀ ਤੋਂ ਆ ਰਹੀ ਸੀ ਤੇ ਇੱਕ ਪੁਲ ਤੋਂ ਹੇਠਾਂ ਪਲਟ ਗਈ।

--------------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕ੍ਰਿਸ਼ਚੀਅਨ ਮੈਡੀਕਲ ਕਾਲਜ (ਸੀ.ਐਮ.ਸੀ.), ਲੁਧਿਆਣਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ 100 ਤੋਂ ਵੱਧ ਸਫਲ ਬਾਲ ਸਰਜਰੀਆਂ ਲਈ ਬਾਲ ਸਰਜਰੀ ਵਿਭਾਗ ਦੀ ਟੀਮ ਨੂੰ ਵਧਾਈ ਦਿੱਤੀ। ਇਸ ਸਬੰਧੀ

ਸੀ.ਐਮ.ਸੀ. ਲੁਧਿਆਣਾ ਵਿਖੇ ਕਰਵਾਏ ਵਿਸ਼ੇਸ਼ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਹ ਪ੍ਰਾਪਤੀ ਪੰਜਾਬ ਸਰਕਾਰ ਅਤੇ ਮੈਡੀਕਲ ਸੰਸਥਾ ਦੀ ਸਾਂਝੀ ਵਚਨਬੱਧਤਾ ਦਾ ਪ੍ਰਤੀਕ ਏ। ਯੋਜਨਾ ਤਹਿਤ ਨਵਜੰਮੇ ਬੱਚਿਆਂ ਤੇ ਹੋਰ ਬੱਚਿਆਂ ਦੀਆਂ ਕਈ ਤਰ੍ਹਾਂ ਦੀਆਂ ਪੇਚੀਦਾ ਸਰਜਰੀਆਂ ਕੀਤੀਆਂ ਗਈਆਂ , ਜਿਸ ਨਾਲ ਵੱਖ-ਵੱਖ ਸਮਾਜਿਕ ਤੇ ਆਰਥਿਕ ਪਿਛੋਕੜ ਵਾਲੇ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਏ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਉਦੇਸ਼ ਲੋਕਾਂ ਨੂੰ ਉੱਚ ਪੱਧਰੀ ਡਾਕਟਰੀ ਇਲਾਜ ਮੁਫ਼ਤ ਮੁਹੱਈਆ ਕਰਵਾਉਣਾ ਏ । ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਦੇ ਸਿਹਤ ਸੰਭਾਲ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਏ ਤਾਂ ਜੋ ਹਰ ਨਾਗਰਿਕ ਤੱਕ ਮਿਆਰੀ ਸਿਹਤ ਸੇਵਾਵਾਂ ਪਹੁੰਚਾਈਆਂ ਜਾ ਸਕਣ।

--------------------------------------------------------------------------------

ਅੱਜ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਸਮਾਉਣ ਦਾ ਦਿਹਾੜਾ ਏ.ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਸ ਮੌਕੇ ਗੁਰੂ ਨਾਨਕ ਦੇਵ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਏ । ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਬਿਰਲਾ ਨੇ ਕਿਹਾ ਕਿ ਆਪਣੇ ਜੀਵਨ ਰਾਹੀਂ, ਗੁਰੂ ਨਾਨਕ ਦੇਵ ਜੀ ਨੇ ਦੁਨੀਆ ਨੂੰ ਸੱਚਾਈ, ਦਇਆ, ਮਨੁੱਖਤਾ ਅਤੇ ਸਦਭਾਵਨਾ ਦਾ ਸੰਦੇਸ਼

ਦਿੱਤਾ ਏ । ਉਨ੍ਹਾਂ ਸਮਾਜ ਵਿੱਚ ਪ੍ਰਚਲਿਤ ਅੰਧਵਿਸ਼ਵਾਸ, ਵਿਤਕਰੇ, ਤੇ ਜਾਤਿ ਅਧਾਰਿਤ ਊਚ –ਨੀਚ ਜਿਹੀਆਂ ਸਮਾਜਿਕ ਬੁਰਾਈਆਂ ਖਿਲਾਫ਼ ਬੇਖੌਫ ਹੋ ਕੇ ਆਵਾਜ਼ ਉਠਾਈ । ਲੋਕ ਸਭਾ ਸਪੀਕਰ ਨੇ ਕਿਹਾ ਕਿ ਪਿਆਰ ਤੇ ਆਪਸੀ ਸਤਿਕਾਰ 'ਤੇ ਅਧਾਰਿਤ ਗੁਰੂ ਨਾਨਕ ਦੇਵ ਜੀ ਦਾ ਸੰਦੇਸ਼, ਅੱਜ ਵੀ ਪ੍ਰਸੰਗਿਕ ਏ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਗੁਰੂ ਸਾਹਿਬ ਨੂੰ ਓਹਨਾਂ ਦੇ ਜੋਤੀ ਜੋਤ ਦਿਵਸ ‘ਤੇ ਨਮਨ ਕੀਤਾ ਏ. ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਓਹਨਾਂ ਕਾਮਨਾ ਕੀਤੀ ਕਿ ਗੁਰੂ ਨਾਨਕ ਦੇਵ ਜੀ ਦੀ ਬਾਣੀ ਤੇ ਸਰਬੱਤ ਦੇ ਭਲੇ ਦਾ ਸੰਦੇਸ਼ ਸਾਨੂੰ ਹਮੇਸ਼ਾ ਸੱਚ, ਸੇਵਾ ਤੇ ਮਨੁੱਖਤਾ ਦੇ ਰਾਹ ’ਤੇ ਚੱਲਣ ਲਈ ਪ੍ਰੇਰਿਤ ਕਰਦਾ ਰਹੇ ।

---------------------------------------------------------------------------

ਬਠਿੰਡਾ ਵਿਖੇ ਜ਼ਿਲ੍ਹਾ ਪੱਧਰ ਦਾ ਕਿਸਾਨ ਮੇਲਾ 7 ਅਕਤੂਬਰ ਨੂੰ ਲਗਾਇਆ ਜਾਵੇਗਾ । ਕਿਸਾਨ ਮੇਲੇ ਵਿੱਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ । ਇਸ ਬਾਰੇ ਮੁੱਖ ਖੇਤੀਬਾੜੀ ਅਫ਼ਸਰ ਹਰਪ੍ਰੀਤ ਪਾਲ ਕੌਰ ਨੇ ਦੱਸਿਆ ਕਿ ਮੇਲੇ ਵਿੱਚ ਲਗਭਗ 1500 ਕਿਸਾਨਾਂ ਵੱਲੋਂ ਹਿੱਸਾ ਲਿਆ ਜਾਵੇਗਾ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਮਹਿਕਮੇ ਦੇ ਉੱਚ ਅਧਿਕਾਰੀ ਵੀ ਭਾਗ

ਲੈਣਗੇ। ਉਹਨਾਂ ਕਿਹਾ ਕਿ ਮੇਲੇ ਵਿੱਚ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਸਬੰਧੀ ਤਕਨੀਕੀ ਤੇ ਪਰਾਲੀ ਪ੍ਰਬੰਧਨ ਲਈ ਜਾਣਕਾਰੀ ਦਿੱਤੀ ਜਾਵੇਗੀ। ਮੇਲੇ ਦੀ ਪ੍ਰਧਾਨਗੀ ਡਾਇਰੈਕਟਰ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਮੇਲੇ ਦਾ ਵੱਧ ਤੋਂ ਵੱਧ ਫਾਇਦਾ ਜ਼ਰੂਰ ਲਿਆ ਜਾਵੇ।